# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 27-03-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਸਰਕਾਰ ਨੇ ਘਰੇਲੂ ਖਪਤ ਲਈ ਪੇਟ੍ਰੋਲ ਤੇ ਡੀਜ਼ਲ ਉਤੇ ਕੇਂਦਰੀ ਉਤਪਾਦ ਫੀਸ ‘ਚ 10 ਰੁਪਏ ਫੀ ਲੀਟਰ ਦੀ ਕਟੌਤੀ ਕੀਤੀ ।
- ਵਿੱਤ ਮੰਤਰੀ ਨਿਰਮਲ ਸੀਤਾਰਮਨ ਨੇ ਲੌਕਡਾਊਨ ਦੀਆਂ ਅਫਵਾਹਾਂ ਨੂੰ ਬੇਬੁਨਿਆਦ ਤੇ ਫਰਜ਼ੀ ਕਰਾਰ ਦਿਤਾ।
- ਪੰਜਾਬ ਕਰ ਵਿਭਾਵ ਵਲੋਂ 8 ਥਾਵਾਂ 'ਤੇ ਇੱਕੋ ਸਮੇਂ ਕੀਤੀ ਛਾਪੇਮਾਰੀ ਦੌਰਾਨ ਤੰਬਾਕੂ ਵਪਾਰ ਵਿੱਚ ਟੈਕਸ ਚੋਰੀ ਦੇ ਨੈੱਟਵਰਕ ਦਾ ਪਰਦਾਫਾਸ਼ -ਡੇਢ ਕਰੋੜ ਰੁਪਏ ਦਾ ਬਿਨਾ ਬਿਲ ਵਾਲਾ ਸਾਮਾਨ ਬਰਾਮਦ।
- ਚੰਡੀਗੜ੍ਹ ਦੇ ਪਸ਼ੂ ਪਾਲਣ ਵਿਭਾਗ ਨੇ ਚੰਡੀਗੜ੍ਹ ਵਿੱਚ ਪਸ਼ੂ ਪਾਲਕਾਂ ਲਈ ਟੈਲੀਮੈਡੀਸਨ ਦੀ ਮੁਫ਼ਤ ਮੁਫਤ ਸਲਾਹ-ਮਸ਼ਵਰਾ ਸੇਵਾ ਸ਼ੁਰੂ ਕੀਤੀ।

- ਭਾਰਤੀ ਹਵਾਈ ਸੈਨਾ ਦੀ 'ਸੂਰਿਆ ਕਿਰਨ' ਟੀਮ ਵਲੋਂ ਅੱਜ ਚੰਡੀਗੜ੍ਹ ਵਿਚ 2 ਦਿਨਾਂ ਏਅਰ ਸ਼ੋਅ ਦੀ ਸ਼ੁਰੂਆਤ । ਅਤੇ
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੱਲ ਤੋਂ ਵੱਖ-ਵੱਖ ਥਾਵਾਂ 'ਤੇ ਗਰਜ ਤੇ ਤੇਜ਼ ਹਵਾਵਾਂ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ।

--------------------------------------------------

ਸਰਕਾਰ ਨੇ ਘਰੇਲੂ ਖਪਤ ਲਈ ਪੇਟ੍ਰੋਲ ਤੇ ਡੀਜ਼ਲ ‘ਤੇ ਕੇਂਦਰੀ ਉਤਪਾਦ ਫੀਸ ‘ਚ 10 ਰੁਪਏ ਫੀ ਲੀਟਰ ਦੀ ਕਟੌਤੀ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਇਹ ਫੈਸਲਾ ਪੱਛਮੀ ਏਸ਼ੀਆ ਸੰਕਟ ਦਰਮਿਆਨ ਲਿਆ ਗਿਆ ਏ। ਓਹਨਾਂ ਨੇ ਕਿਹਾ ਕਿ ਡੀਜ਼ਲ ਦੀ ਬਰਾਮਦ ‘ਤੇ 21 ਰੁਪਏ 50 ਪੈਸੇ ਪ੍ਰਤੀ ਲੀਟਰ ਅਤੇ ਹਵਾਈ ਜਹਾਜ਼ ਦੇ ਈਧਨ ‘ਤੇ 29 ਰੁਪੇ 50 ਪੈਸੇ ਫੀ ਲੀਟਰ ਫੀਸ ਲਈ ਗਈ ਏ .ਸੀਤਾਰਮਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਸਰਕਾਰ ਨੇ ਹਮੇਸ਼ਾ ਨਾਗਰਿਕਾਂ ਨੂੰ ਜ਼ਰੂਰੀ ਵਸਤੂਆਂ ਦੀ ਸਪਲਾਈ ਨੂੰ ਯਕੀਨੀ ਬਣਾਇਆ ਏ। BYTE:RNU270326

---------------------------------------------------

ਵਿੱਤ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਇਹ ਯਕੀਨੀ ਬਣਾਇਆ ਏ ਕਿ ਪੈਟਰੋਲ, ਡੀਜ਼ਲ ਅਤੇ ਹਵਾਬਾਜ਼ੀ ਟਰਬਾਈਨ ਈਧਨ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਹੋਵੇਗਾ। ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਮੱਦੇਨਜ਼ਰ ਇੱਕ ਮੀਟਿੰਗ ਬੁਲਾਈ ਸੀ। ਇਹ ਫੈਸਲਾ ਲਿਆ ਗਿਆ ਕਿ ਆਲਮੀ  ਸਥਿਤੀ ਕਾਰਨ ਪੈਟਰੋਲ, ਡੀਜ਼ਲ ਅਤੇ ਏਟੀਐਫ ਦੀਆਂ ਕੀਮਤਾਂ ਨਹੀਂ ਵਧਣੀਆਂ ਚਾਹੀਦੀਆਂ। ਲੌਕਡਾਊਨ ਦੀਆਂ ਅਫਵਾਹਾਂ ਨੂੰ ਬੇਬੁਨਿਆਦ ਦੱਸਦੇ ਹੋਏ, ਊਨਾ ਲੋਕਾਂ  ਨੂੰ ਭਰੋਸਾ ਦਿੱਤਾ ਕਿ ਕੋਵਿਡ ਮਹਾਂਮਾਰੀ ਦੌਰਾਨ ਲਗਾਏ ਗਏ ਲੌਕਡਾਊਨ ਵਰਗਾ ਕੋਈ ਲੌਕਡਾਊਨ ਨਹੀਂ ਹੋਵੇਗਾ।

---------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਵੇਰਾਲ ਹੋ ਰਹੇ ਇੱਕ ਵੀਡੀਓ ਨੂੰ ਰੱਦ ਕੀਤਾ ਕੀਤਾ ਏ ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਵਿਆਪੀ ਲੌਕਡਾਊਨ ਦਾ ਐਲਾਨ

ਕੀਤਾ ਏ। ਪੱਤਰ ਸੂਚਨਾ ਬਿਊਰੋ ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਇਸ ਦਾਅਵੇ ਨੂੰ ਫਰਜ਼ੀ ਕਰਾਰ ਦਿੱਤਾ ਹੈ ਅਤੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਜਾਂ ਕੇਂਦਰ ਸਰਕਾਰ ਨੇ ਅਜਿਹਾ ਕੋਈ ਐਲਾਨ ਨਹੀਂ ਕੀਤਾ ਏ। ਪੀਆਈਬੀ ਨੇ ਲੋਕਾਂ ਨੂੰ ਅਜਿਹੀਆਂ ਸਨਸਨੀਖੇਜ਼ ਖ਼ਬਰਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਸਿਰਫ਼ ਅਧਿਕਾਰਤ ਜਾਣਕਾਰੀ 'ਤੇ ਭਰੋਸਾ ਕਰਨ ਦੀ ਅਪੀਲ ਕੀਤੀ ।

---------------------------------------------------

ਪੰਜਾਬ ਦੇ ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਰ ਵਿਭਾਗ ਨੇ ਤੰਬਾਕੂ ਟੈਕਸ ਚੋਰੀ ਨੂੰ ਰੋਕਣ ਲਈ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਤਾਲਮੇਲ ਵਾਲੀ ਇਨਫੋਰਸਮੈਂਟ ਮੁਹਿੰਮ ਸ਼ੁਰੂ ਕੀਤੀ ਏ , ਜਿਸ ਤਹਿਤ ਲਗਭਗ ਡੇਢ ਕਰੋੜ ਰੁਪਏ ਦੇ ਬਿਨਾਂ ਹਿਸਾਬ ਵਾਲੇ ਸਾਮਾਨ ਦਾ ਪਤਾ ਲਗਾਇਆ ਗਿਆ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਦੱਸਿਆ, "ਸਿਗਰਟਾਂ, ਬੀੜੀਆਂ ਅਤੇ ਇਸ ਨਾਲ ਸਬੰਧਿਤ ਹੋਰ ਤੰਬਾਕੂ ਉਤਪਾਦਾਂ 'ਤੇ ਟੈਕਸ ਦਰਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਤੋਂ ਬਾਅਦ, ਵਿਭਾਗ ਨੂੰ ਇਸ ਖੇਤਰ ਵਿੱਚ ਟੈਕਸ ਚੋਰੀ ਦੀਆਂ ਗਤੀਵਿਧੀਆਂ ਵਧਣ ਬਾਰੇ ਜਾਣਕਾਰੀ ਮਿਲੀ ਸੀ। ਇਸ ਸੂਚਨਾ 'ਤੇ

ਤੁਰੰਤ ਕਾਰਵਾਈ ਕਰਦਿਆਂ, ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਅਤੇ ਜਲੰਧਰ ਆਧਾਰਿਤ ਟੀਮਾਂ ਨੇ ਅੱਠ ਵੱਖ-ਵੱਖ ਥਾਵਾਂ 'ਤੇ ਇੱਕੋ ਸਮੇਂ ਚੈਕਿੰਗ ਕੀਤੀ, ਜਿਨ੍ਹਾਂ ਵਿੱਚ ਪੰਜ ਰਜਿਸਟਰਡ ਕਾਰੋਬਾਰਾਂ ਅਤੇ ਬਿਨਾਂ ਰਜਿਸਟ੍ਰੇਸ਼ਨ ਤੋਂ ਚੱਲ ਰਹੇ ਤਿੰਨ ਕਾਰੋਬਾਰਾਂ ਦੀ ਜਾਂਚ ਕੀਤੀ ਗਈ। ਵਿੱਤ ਮੰਤਰੀ ਨੇ ਕਿਹਾ, "ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਵੱਡੇ ਪੱਧਰ 'ਤੇ ਚੋਰੀਆਂ ਫੜੀਆਂ ਗਈਆਂ, ਜਿੱਥੇ ਇਨਫੋਰਸਮੈਂਟ ਟੀਮਾਂ ਨੇ ਗੁਪਤ ਸਟੋਰੇਜ ਵਾਲੀਆਂ ਥਾਵਾਂ ਅਤੇ ਬਿਨਾਂ ਹਿਸਾਬ ਵਾਲੇ ਸਟਾਕ ਦੀ ਪਛਾਣ ਕਰਨ ਲਈ ਅਹਿਮ ਯਤਨ ਕੀਤੇ। ਮੁੱਖ ਦੁਕਾਨਾਂ ਅਤੇ ਉਨ੍ਹਾਂ ਨਾਲ ਜੁੜੇ ਗੋਦਾਮਾਂ ਦੀ ਬਾਰੀਕੀ ਨਾਲ ਕੀਤੀ ਗਈ ਚੈਕਿੰਗ ਦੌਰਾਨ ਭਾਰੀ ਮਾਤਰਾ ਵਿੱਚ ਸਾਮਾਨ ਬਿਨਾਂ ਜਾਇਜ਼ ਬਿੱਲਾਂ ਦੇ ਭੰਡਾਰ ਕਰਕੇ ਵੇਚਿਆ ਜਾ ਰਿਹਾ ਪਾਇਆ ਗਿਆ। ਵਿੱਤ ਮੰਤਰੀ ਨੇ ਕਿਹਾ, "ਫੜੇ ਗਏ ਸਾਮਾਨ 'ਤੇ ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਬਣਦੇ ਜੁਰਮਾਨੇ ਦੇ ਨਾਲ-ਨਾਲ 50 ਲੱਖ ਰੁਪਏ ਤੋਂ ਵੱਧ ਦੀ ਟੈਕਸ ਦੇਣਦਾਰੀ ਸਖ਼ਤੀ ਨਾਲ ਵਸੂਲੀ ਜਾਵੇਗੀ। ਹੁਣ ਤੱਕ 12 ਲੱਖ ਰੁਪਏ ਦੀ ਰਕਮ ਪਹਿਲਾਂ ਹੀ ਵਸੂਲੀ ਜਾ ਚੁੱਕੀ ਹੈ, ਅਤੇ ਹੋਰ ਵਸੂਲੀ ਦੀ ਕਾਰਵਾਈ ਤੇਜ਼ੀ ਨਾਲ ਜਾਰੀ ਏ।

---------------------------------------------------

ਪੰਜਾਬ ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਨਵੇਂ ਜੇਲ੍ਹ ਮੰਤਰੀ ਵਜੋਂ ਅਹੁਦੇ ਦਾ ਚਾਰਜ ਸੰਭਾਲ ਲਿਆ ਏ। ਇਸ ਤੋਂ ਇਲਾਵਾ ਉਹ ਐਨ.ਆਰ.ਆਈ. ਅਤੇ ਸੰਸਦੀ ਮਾਮਲੇ ਆਦਿ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਨਿਭਾ ਰਹੇ ਹਨ। ਚਾਰਜ ਸੰਭਾਲਣ ਤੋਂ ਬਾਅਦ ਉਨ੍ਹਾਂ ਨੇ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਇਕ ਮੀਟਿੰਗ ਕੀਤੀ, ਜਿਸ ਵਿੱਚ ਵਿਭਾਗ ਦੇ ਚੱਲ ਰਹੇ ਕੰਮਾਂ, ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ ‘ਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਜੇਲ੍ਹ ਵਿਭਾਗ ਨੂੰ ਹੋਰ ਸੁਧਾਰਿਆ ਜਾਵੇਗਾ ਅਤੇ ਕੈਦੀਆਂ ਲਈ ਬਿਹਤਰ ਸੁਵਿਧਾਵਾਂ ਅਤੇ ਸੁਧਾਰਾਤਮਕ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਕੇਂਦਰ ਨਹੀਂ, ਸਗੋਂ ਸੁਧਾਰ ਦੇ ਕੇਂਦਰ ਬਣਾਉਣ ‘ਤੇ ਖਾਸ ਧਿਆਨ ਦਿੱਤਾ ਜਾਵੇਗਾ। ਇਸ ਮੌਕੇ ਜੇਲ੍ਹ ਵਿਭਾਗ ਦੇ ਪ੍ਰਮੁੱਖ ਸਕੱਤਰ ਭਾਵਨਾ ਗਰਗ, ਸਕੱਤਰ ਮੁਹੰਮਦ ਤਈਅਬ ਅਤੇ ਏਡੀਜੀਪੀ ਜੇਲ੍ਹਾਂ ਅਰੁਣਪਾਲ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

--------------------------------------------------

ਚੰਡੀਗੜ੍ਹ ਪ੍ਰਸ਼ਾਸਨ ਦੇ ਪਸ਼ੂ ਪਾਲਣ ਅਤੇ ਮੱਛੀ ਪਾਲਣ ਵਿਭਾਗ ਨੇ ਚੰਡੀਗੜ੍ਹ ਵਿੱਚ ਪਸ਼ੂ ਪਾਲਕਾਂ ਲਈ ਟੈਲੀਮੈਡੀਸਨ ਰਾਹੀਂ ਇੱਕ ਮੁਫ਼ਤ

ਮੁਫਤ ਸਲਾਹ-ਮਸ਼ਵਰਾ ਸੇਵਾ ਸ਼ੁਰੂ ਕੀਤੀ ਏ। ਚੰਡੀਗੜ੍ਹ ਪ੍ਰਸ਼ਾਸਨ ਦੇ ਪਸ਼ੂ ਪਾਲਣ ਸਕੱਤਰ ਪ੍ਰਦੀਪ ਕੁਮਾਰ ਨੇ ਅੱਜ ਇਸ ਸੇਵਾ ਦੀ ਸ਼ੁਰੂਆਤ ਕੀਤੀ। ਇਸ ਸਹੂਲਤ ਦੀ ਸ਼ੁਰੂਆਤ ਨਾਲ ਪਸ਼ੂ ਮਾਲਕਾਂ ਨੂੰ ਆਪਣੇ ਪਸ਼ੂਆਂ ਨੂੰ ਸਰਜਰੀ ਤੋਂ ਬਾਅਦ ਦੇ ਫਾਲੋ-ਅਪ, ਨਿਯਮਤ ਸਲਾਹ-ਮਸ਼ਵਰੇ, ਨਿਗਰਾਨੀ ਅਤੇ ਸਿਹਤ ਕੈਲੰਡਰ 'ਤੇ ਮਾਰਗਦਰਸ਼ਨ ਲਈ ਪਸ਼ੂ ਹਸਪਤਾਲਾਂ ਵਿੱਚ ਲਿਜਾਣ ਦੀ ਲੋੜ ਨਹੀਂ ਹੋਵੇਗੀ । ਇਸ ਪਹਿਲਕਦਮੀ ਦਾ ਉਦੇਸ਼ ਜਾਨਵਰਾਂ, ਉਨ੍ਹਾਂ ਦੇ ਪਾਲਕਾਂ ਅਤੇ ਪਸ਼ੂ ਸਿਹਤ ਮੁਲਾਜ਼ਮਾਂ ਨੂੰ ਛੂਤਵਾਲੀਆਂ ਬਿਮਾਰੀਆਂ ਤੋਂ ਸੁਰੱਖਿਆ ਨੂੰ ਯਕੀਨੀ ਬਣਾਉਣਾ ਏ , ਜਿਸ ਨਾਲ ਜਾਨਵਰਾਂ ਤੋਂ ਮਨੁੱਖਾਂ ਵਿੱਚ ਇਸਦੇ ਜੋਖਮ ਨੂੰ ਘਟਾਇਆ ਜਾ ਸਕਦਾ ਏ । ਟੈਲੀਮੈਡੀਸਨ ਸੇਵਾ ਦੀ ਸ਼ੁਰੂਆਤ ਦੌਰਾਨ, ਸ਼੍ਰੀ ਕੁਮਾਰ ਨੇ ਕਿਹਾ ਕਿ ਇੱਕ ਰਾਸ਼ਟਰ ਇੱਕ ਸਿਹਤ ਪਹਿਲਕਦਮੀ ਮੁਤਾਬਿਕ ਪਸ਼ੂਆਂ ਦੀ ਸਿਹਤ ਅਤੇ ਸੁਰੱਖਿਆ ਨੂੰ ਵਧਾਉਣ ਵਿੱਚ ਟੈਲੀਮੈਡੀਸਨ ਦੀ ਮਹੱਤਤਾ ਨੂੰ ਸਵੀਕਾਰ ਕਰਦੇ ਹੋਏ, ਭਾਰਤ ਸਰਕਾਰ ਨੇ ਨੀਤੀ ਆਯੋਗ ਦੀ ਅਗਵਾਈ ਹੇਠ, ਇਸ ਸੇਵਾ ਨੂੰ ਦੇਸ਼ ਭਰ ਵਿੱਚ ਲਾਗੂ ਕੀਤਾ ਏ। ਇਸ ਟੀਚੇ ਵੱਲ ਚੰਡੀਗੜ੍ਹ ਵਿੱਚ ਯਤਨ ਕੀਤੇ ਗਏ ਹਨ, ਅਤੇ ਅੱਜ ਚੰਡੀਗੜ੍ਹ ਵਿੱਚ ਪਸ਼ੂ ਪਾਲਕਾਂ ਲਈ ਇਸ ਸੇਵਾ ਦੀ ਸ਼ੁਰੂਆਤ ਏ।

---------------------------------------------------------

ਭਾਰਤੀ ਹਵਾਈ ਸੈਨਾ ਦਾ ਵੱਕਾਰੀ 'ਸੂਰਿਆ ਕਿਰਨ' ਹਵਾਬਾਜ਼ੀ ਕਰਤਬ ਪ੍ਰਦਰਸ਼ਨ ਅੱਜ ਚੰਡੀਗੜ੍ਹ ਦੀ ਸੁਖਨਾ ਝੀਲ 'ਤੇ ਸ਼ੁਰੂ ਹੋਇਆ। ਇਸ ਸਮਾਗਮ ਦੇ ਮੁੱਖ ਮਹਿਮਾਨ ਚੰਡੀਗੜ੍ਹ ਦੇ ਮੁੱਖ ਸਕੱਤਰ ਐੱਚ. ਰਾਜੇਸ਼ ਪ੍ਰਸਾਦ ਨੇ ਭਾਰਤੀ ਹਵਾਈ ਸੈਨਾ ਦੀ ਬੇਮਿਸਾਲ ਸਮਰੱਥਾ, ਅਨੁਸ਼ਾਸਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਇਸ ਸ਼ਾਨਦਾਰ ਆਯੋਜਨ ਵਿੱਚ ਯੋਗਦਾਨ ਦੇਣ ਵਾਲੇ ਸਾਰੇ ਵਿਭਾਗਾਂ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰਾਂ ਦੇ ਆਯੋਜਨ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਅਤੇ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸੂਰਯਕਿਰਨ ਏਰੋਬੈਟਿਕ ਟੀਮ ਨੇ ਤੇਜਸ ਅਤੇ ਯੁਵਾ ਫਾਰਮੇਸ਼ਨ, ਬੈਰਲ ਰੋਲ, ਹਾਈ ਸਪੀਡ ਕਰਾਸ, ਦਿਨ , ਹਾਰਟ ਅਤੇ ਲੂਪ, ਜਿਹੇ ਅਦਭੁਤ ਕਰਤੱਬਾਂ ਦਾ ਪ੍ਰਦਰਸ਼ਨ ਕੀਤਾ, ਜੋ ਉਨ੍ਹਾਂ ਦੇ ਬਿਹਤਰੀਨ ਤਾਲਮੇਲ ਅਤੇ ਉਡਾਣ ਹੁਨਰ ਦਾ ਪ੍ਰਤੀਕ ਸਨ। ਇਸ ਉਤਸਵ ਦਾ ਸਿਲਸਿਲਾ ਕੱਲ੍ਹ, 28 ਮਾਰਚ ਨੂੰ ਵੀ ਜਾਰੀ ਰਹੇਗਾ ਤੇ ਇਸ ਦੌਰਾਨ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ ।

----------------------------------------------

ਪੰਜਾਬ ਦੇ ਕੈਬਨਿਟ ਮੰਤਰੀ  ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾਗਾਗਾ ਸਥਿਤ  ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ 20 ਕਰੋੜ 16 ਲਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ।  ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਨਵੀਂ ਇਮਾਰਤ ਦੇ ਤਿਆਰ ਹੋਣ ਨਾਲ ਵਿਦਿਆਰਥਣਾਂ ਨੂੰ ਸੁਰੱਖਿਅਤ ਅਤੇ ਪ੍ਰੇਰਣਾਦਾਇਕ ਪੜ੍ਹਾਈ ਦਾ ਮਾਹੌਲ ਪ੍ਰਾਪਤ ਹੋਵੇਗਾ, ਜੋ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਹੋਰ ਦੱਸਿਆ ਕਿ ਪਹਿਲਾਂ ਇਸ ਸਕੂਲ ਦੀ ਥਾਂ ਬਹੁਤ ਘੱਟ ਸੀ ਅਤੇ ਮੌਜੂਦਾ ਇਮਾਰਤ ਦੇ ਕਈ ਹਿੱਸੇ ਅਸੁਰੱਖਿਅਤ ਐਲਾਨੇ ਗਏ ਸਨ, ਜਿਸ ਨਾਲ ਵਿਦਿਆਰਥਣਾਂ ਅਤੇ ਸਟਾਫ ਲਈ ਮੁਸ਼ਕਲਾਂ ਪੈਦਾ ਹੋ ਰਹੀਆਂ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਸਕੂਲ ਦੀ ਨਵੀਂ ਇਮਾਰਤ ਨੂੰ ਅਤਿ ਆਧੁਨਿਕ ਡਿਜ਼ਾਇਨ ਅਨੁਸਾਰ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿੱਚ ਵੱਡੇ ਕਲਾਸਰੂਮ, ਵਧੀਆ ਹਵਾ ਅਤੇ ਰੋਸ਼ਨੀ ਦੀ ਵਿਵਸਥਾ, ਭੂਚਾਲ ਰੋਧਕ ਢਾਂਚਾ ਅਤੇ ਵਿਦਿਆਰਥੀਆਂ ਪੱਖੀ ਵਾਤਾਵਰਣ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ

ਵਿਸ਼ਵਾਸ ਜਤਾਇਆ ਕਿ ਕਰੀਬ 7 ਤੋਂ 8 ਮਹੀਨਿਆਂ ਦੇ ਅੰਦਰ ਇਹ ਪ੍ਰੋਜੈਕਟ ਮੁਕੰਮਲ ਕਰ ਲਿਆ ਜਾਵੇਗਾ ਅਤੇ ਇਲਾਕੇ ਨੂੰ ਇੱਕ ਮਾਡਲ ਸਕੂਲ ਮਿਲੇਗਾ।

-------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੱਲ ਤੋਂ ਵੱਖ-ਵੱਖ ਥਾਵਾਂ 'ਤੇ ਗਰਜ ਤੇ ਤੇਜ਼ ਹਵਾਵਾਂ ਦੇ ਨਾਲ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । 28 ਮਾਰਚ ਤੋਂ ਹਿਮਾਲੀਅਨ ਖੇਤਰ ਨੂੰ ਪ੍ਰਭਾਵਿਤ ਕਰਨ ਵਾਲੀ ਇੱਕ ਨਵੀਂ ਪੱਛਮੀ ਗੜਬੜੀ ਕਾਰਨ ਇਸ ਬਾਰੇ ਸੰਭਵਨਾ ਜਤਾਈ ਗਈ ਏ । ਮੌਸਮ ਵਿਭਾਗ ਨੇ ਪੰਜਾਬ ਵਿਚ ਕੱਲ ਤੋਂ 30 ਮਾਰਚ ਤਕ ਅਤੇ ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ 'ਚ 29 ਤੇ 30 ਮਾਰਚ ਨੂੰ yellow ਅਲਰਟ ਜਾਰੀ ਕੀਤਾ ਏ, ਜਿਸ ਦੌਰਾਨ ਵੱਖ-ਵੱਖ ਥਾਵਾਂ 'ਤੇ ਤੇਜ਼ ਹਵਾਵਾਂ ਤੇ ਗਰਜ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਜਤਾਈ ਏ । ਇਨਾ ਦਿਨਾਂ ਦੌਰਾਨ ਤਾਪਮਾਨ ਵਿੱਚ ਗਿਰਾਵਟ ਆਉਣ ਦੀ ਵੀ ਪੇਸ਼ੀਨਗੋਈ ਕੀਤੀ ਗਈ ਏ ।

-------------------------------------------------------

ਭਾਰਤ ਦੇ ਉਘੇ ਹਾਕੀ ਖਿਡਾਰੀ ਗੁਰਜੰਟ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਹਾਕੀ ਇੰਡੀਆ ਐਵਾਰਡ  ਸਮਾਰੋਹ ਵਿੱਚ ਅੰਤਰਰਾਸ਼ਟਰੀ ਹਾਕੀ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ ਏ. 31 ਸਾਲਾ ਗੁਰਜੰਟ ਸਿੰਘ ਦਾ ਕਰੀਬ ਇੱਕ ਦਹਾਕੇ ਦਾ ਸੁਨਹਿਰੀ ਕਰੀਅਰ ਰਿਹਾ ਏ ਜਿਸ ਵਿਚ ਓਹਨਾਂ 130 ਅੰਤਰਰਾਸ਼ਟਰੀ ਮੈਚ ਖੇਡੇ ਅਤੇ 33 ਗੋਲ ਕੀਤੇ. ਓਹਨਾਂ ਨੂੰ ਭਾਰਤ ਦੀ ਆਧੁਨਿਕ ਹਾਕੀ ਦੀ ਮੁੜ੍ਹ ਸੁਰਜੀਤੀ ਵਿੱਚ ਇੱਕ ਪ੍ਰਮੁੱਖ ਹਸਤੀ ਵਜੋਂ ਜਾਣਿਆ ਜਾਂਦਾ ਏ. 2021 ਵਿੱਚ, ਓਹਨਾਂ ਨੂੰ ਅਰਜੁਨ award ਨਾਲ ਸਨਮਾਨਿਤ ਕੀਤਾ ਗਿਆ ਸੀ, ਜੋ ਕਿ ਭਾਰਤ ਦੇ ਸਭ ਤੋਂ ਉੱਚੇ ਖੇਡ ਸਨਮਾਨਾਂ ਵਿੱਚੋਂ ਇੱਕ ਏ। ਹਾਕੀ ਇੰਡੀਆ ਦੇ ਪ੍ਰਧਾਨ ਦਿਲੀਪ ਟਿਰਕੀ ਨੇ ਗੁਰਜੰਟ ਦੇ ਯੋਗਦਾਨ ਨੂੰ ਅਹਿਮ ਦੱਸਦਿਆਂ ਕਿਹਾ ਏ ਕਿ, ਗੁਰਜੰਟ ਸਿੰਘ ਕਰੀਬ ਇੱਕ ਦਹਾਕੇ ਤੋਂ ਭਾਰਤ ਦੀ ਹਾਕੀ ਕਹਾਣੀ ਦਾ ਇੱਕ ਮਹੱਤਵਪੂਰਨ ਹਿੱਸਾ ਰਹੇ ਨੇ. ਹਾਕੀ ਇੰਡੀਆ ਦੇ ਸਕੱਤਰ ਜਨਰਲ ਭੋਲਾ ਨਾਥ ਸਿੰਘ ਨੇ ਕਿਹਾ ਏ ਕਿ ਗੁਰਜੰਟ ਦਾ ਪੰਜਾਬ ਦੇ ਮੈਦਾਨਾਂ ਤੋਂ ਦੋ ਵਾਰ ਦੇ ਓਲੰਪਿਕ ਜੇਤੂ ਬਣਨ ਤੱਕ ਦਾ ਸਫ਼ਰ ਇਸ ਦੇਸ਼ ਦੇ ਹਰ ਨੌਜਵਾਨ ਖਿਡਾਰੀ ਲਈ ਪ੍ਰੇਰਨਾ ਏ।

-----------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਰੂਪਨਗਰ ਵਿਖੇ ਹੋਈਆਂ ਸੂਬਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਹਾਕੀ ਵਿੱਚ ਸ਼ਾਨਦਾਰ ਢੰਗ ਨਾਲ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਜ਼ਿਲ੍ਹਾ ਜਲੰਧਰ ਦੀ ਅੰਡਰ-11 ਹਾਕੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਦੀ ਮਿਹਨਤ, ਲਗਨ ਅਤੇ ਖੇਡ ਪ੍ਰਤੀ ਜਜ਼ਬੇ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਇਸ ਜਿੱਤ ਨੇ ਜ਼ਿਲ੍ਹੇ ਦਾ ਮਾਣ ਵਧਾਇਆ ਏ । ਉਨ੍ਹਾਂ ਕਿਹਾ ਕਿ ਹਾਕੀ ਸਾਡੀ ਰਿਵਾਇਤੀ ਖੇਡ ਏ ਅਤੇ ਇਸ ਵਿੱਚ ਅਜਿਹੇ ਸ਼ਾਨਦਾਰ ਪ੍ਰਦਰਸ਼ਨ ਨਾਲ ਹੋਰਨਾਂ ਬੱਚਿਆਂ ਦੀ ਵੀ ਖੇਡਾਂ ਵਿੱਚ ਰੁਚੀ ਵਧੇਗੀ। ਡਾ. ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਤਾਂ ਜੋ ਉਹ ਕੌਮੀ ਅਤੇ ਕੌਮਾਂਤਰੀ ਪੱਧਰ ’ਤੇ ਵੀ ਮੱਲਾਂ ਮਾਰ ਸਕਣ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਵੀ ਕੀਤਾ। ਜ਼ਿਕਰਯੋਗ ਏ ਕਿ ਜਲੰਧਰ ਦੀ ਟੀਮ ਨੇ ਇਹ ਖਿਤਾਬ ਰਾਜ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਸੰਗਰੂਰ ਨੂੰ 5-0 ਨਾਲ ਹਰਾ ਕੇ ਜਿੱਤਿਆ ਏ ।

-------------------------------------------------

- ਸਰਕਾਰ ਨੇ ਘਰੇਲੂ ਖਪਤ ਲਈ ਪੇਟ੍ਰੋਲ ਤੇ ਡੀਜ਼ਲ ਉਤੇ ਕੇਂਦਰੀ ਉਤਪਾਦ ਫੀਸ 'ਚ 10 ਰੁਪਏ ਫੀ ਲੀਟਰ ਦੀ ਕਟੌਤੀ ਕੀਤੀ ।
- ਵਿੱਤ ਮੰਤਰੀ ਨਿਰਮਲ ਸੀਤਾਰਮਨ ਨੇ ਲੌਕਡਾਊਨ ਦੀਆਂ ਅਫਵਾਹਾਂ ਨੂੰ ਬੇਬੁਨਿਆਦ ਤੇ ਫਰਜ਼ੀ ਕਰਾਰ ਦਿਤਾ।
- ਪੰਜਾਬ ਕਰ ਵਿਭਾਵ ਵਲੋਂ 8 ਥਾਵਾਂ 'ਤੇ ਇੱਕੋ ਸਮੇਂ ਕੀਤੀ ਛਾਪੇਮਾਰੀ ਦੌਰਾਨ ਤੰਬਾਕੂ ਵਪਾਰ ਵਿੱਚ ਟੈਕਸ ਚੋਰੀ ਦੇ ਨੈੱਟਵਰਕ ਦਾ ਪਰਦਾਫਾਸ਼ -ਡੇਢ ਕਰੋੜ ਰੁਪਏ ਦਾ ਬਿਨਾ ਬਿਲ ਵਾਲਾ ਸਾਮਾਨ ਬਰਾਮਦ।
- ਚੰਡੀਗੜ੍ਹ ਦੇ ਪਸ਼ੂ ਪਾਲਣ ਵਿਭਾਗ ਨੇ ਚੰਡੀਗੜ੍ਹ ਵਿੱਚ ਪਸ਼ੂ ਪਾਲਕਾਂ ਲਈ ਟੈਲੀਮੈਡੀਸਨ ਦੀ ਮੁਫ਼ਤ ਮੁਫਤ ਸਲਾਹ-ਮਸ਼ਵਰਾ ਸੇਵਾ ਸ਼ੁਰੂ ਕੀਤੀ।
- ਭਾਰਤੀ ਹਵਾਈ ਸੈਨਾ ਦੀ 'ਸੂਰਿਆ ਕਿਰਨ' ਟੀਮ ਵਲੋਂ ਅੱਜ ਚੰਡੀਗੜ੍ਹ ਵਿਚ 2 ਦਿਨਾਂ ਏਅਰ ਸ਼ੋਅ ਦੀ ਸ਼ੁਰੂਆਤ । ਅਤੇ

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੱਲ ਤੋਂ ਵੱਖ-ਵੱਖ ਥਾਵਾਂ 'ਤੇ ਗਰਜ ਤੇ ਤੇਜ਼ ਹਵਾਵਾਂ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**